ਸੂਹੀ ਮਹਲਾ ੫ ॥ ਧਨੁ ਸੋਹਾਗਨਿ ਜੋ ਪ੍ਰਭੂ ਪਛਾਨੈ ॥ ਮਾਨੈ ਹੁਕਮੁ ਤਜੈ ਅਭਿਮਾਨੈ ॥ ਪ੍ਰਿਅ ਸਿਉ ਰਾਤੀ ਰਲੀਆ ਮਾਨੈ ॥੧ ॥ ਸੁਨਿ ਸਖੀਏ ਪ੍ਰਭ ਮਿਲਣ ਨੀਸਾਨੀ ॥ ਮਨੁ ਤਨੁ ਅਰਪਿ ਤਜਿ ਲਾਜ ਲੋਕਾਨੀ ॥੧ ॥ ਰਹਾਉ ॥ ਸਖੀ ਸਹੇਲੀ ਕਉ ਸਮਝਾਵੈ ॥ ਸੋਈ ਕਮਾਵੈ ਜੋ ਪ੍ਰਭ ਭਾਵੈ ॥ ਸਾ ਸੋਹਾਗਣਿ ਅੰਕਿ ਸਮਾਵੈ ॥੨॥ ਗਰਬਿ ਗਹੇਲੀ ਮਹਲੁ ਨ ਪਾਵੈ ॥ ਫਿਰਿ ਪਛੁਤਾਵੈ ਜਬ ਰੈਣਿ ਬਿਹਾਵੈ ॥ ਕਰਮਹੀਣਿ ਮਨਮੁਖਿ ਦੁਖੁ ਪਾਵੈ ॥੩ ॥ ਬਿਨਉ ਕਰੀ ਜੇ ਜਾਣਾ ਦੂਰਿ ॥ ਪ੍ਰਭੁ ਅਬਿਨਾਸੀ ਰਹਿਆ ਭਰਪੂਰਿ ॥ ਜਨੁ ਨਾਨਕੁ ਗਾਵੈ ਦੇਖਿ ਹਦੂਰਿ ॥੪॥੩॥ {ਪੰਨਾ 737}

ਪਦਅਰਥ:- ਧਨੁ—ਧਨੁ {DNX} ਭਾਗਾਂ ਵਾਲੀ, ਸਲਾਹੁਣ-ਜੋਗ। ਸੋਹਾਗਨਿ—{sOBwignl} ਸੁਹਾਗ-ਭਾਗ ਵਾਲੀ। ਪਛਾਨੈ—ਸਾਂਝ ਪਾਂਦੀ ਹੈ। ਮਾਨੈ—ਮੰਨਦੀ ਹੈ। ਪ੍ਰਿਅ ਸਿਉ—ਪਿਆਰੇ ਨਾਲ। ਰਾਤੀ—ਮਗਨ, ਰੰਗੀ ਹੋਈ। ਰਲੀਆ—ਆਤਮਕ ਆਨੰਦ। ਮਾਨੈ—ਮਾਣਦੀ ਹੈ।1।

ਸਖੀਏ—ਹੇ ਸਹੇਲੀ! ਅਰਪਿ—ਭੇਟਾ ਕਰ ਦੇ। ਤਜਿ—ਤਿਆਗ ਕੇ। ਲਾਜ ਲੋਕਾਨੀ—ਲੋਕ ਦੀ ਲਾਜ, ਲੋਕ-ਲਾਜ ਦੀ ਖ਼ਾਤਰ ਕੰਮ ਕਰਨੇ।1। ਰਹਾਉ।

ਕਉ—ਨੂੰ। ਪ੍ਰਭ ਭਾਵੈ—ਪ੍ਰਭੂ ਨੂੰ ਚੰਗਾ ਲੱਗੇ। ਸਾ—ਉਹ {ਇਸਤ੍ਰੀ ਲਿੰਗ}। ਅੰਕਿ—ਗੋਦ ਵਿਚ।2।

ਗਰਬਿ—ਅਹੰਕਾਰ ਵਿਚ। ਗਹੇਲੀ—ਫਸੀ ਹੋਈ। ਮਹਲੁ—ਟਿਕਾਣਾ। ਰੈਣਿ—(ਜ਼ਿੰਦਗੀ ਦੀ) ਰਾਤ। ਕਰਮ-ਹੀਣਿ—ਮੰਦ-ਭਾਗਣ। ਮਨਮੁਖਿ—ਆਪਣੇ ਮਨ ਦੇ ਪਿੱਛੇ ਤੁਰਨ ਵਾਲੀ।3।

ਬਿਨਉ—{ivnX} ਬੇਨਤੀ। ਕਰੀ—ਕਰੀਂ, ਮੈਂ ਕਰਦਾ ਹਾਂ। ਜਾਣਾ—ਜਾਣਾਂ, ਮੈਂ ਸਮਝਾਂ। ਰਹਿਆ ਭਰਪੂਰਿ—ਹਰ ਥਾਂ ਮੌਜੂਦ। ਦੇਖਿ—ਵੇਖ ਕੇ। ਹਜੂਰਿ—ਅੰਗ-ਸੰਗ, ਹਾਜ਼ਰ-ਨਾਜ਼ਰ।4।

ਅਰਥ:- ਹੇ ਸਹੇਲੀਏ! ਪਰਮਾਤਮਾ ਨੂੰ ਮਿਲਣ ਦੀ ਨਿਸ਼ਾਨੀ (ਮੈਥੋਂ) ਸੁਣ ਲੈ। (ਉਹ ਨਿਸ਼ਾਨੀ ਉਹ ਤਰੀਕਾ ਇਹ ਹੈ ਕਿ) ਲੋਕ-ਲਾਜ ਦੀ ਖ਼ਾਤਰ ਕੰਮ ਕਰਨੇ ਛੱਡ ਕੇ ਆਪਣਾ ਮਨ ਆਪਣਾ ਸਰੀਰ ਪਰਮਾਤਮਾ ਦੇ ਹਵਾਲੇ ਕਰ ਦੇਹ।1। ਰਹਾਉ।

ਹੇ ਸਹੇਲੀਏ! ਉਹ ਜੀਵ-ਇਸਤ੍ਰੀ ਸਲਾਹੁਣ-ਜੋਗ ਹੈ, ਸੁਹਾਗ-ਭਾਗ ਵਾਲੀ ਹੈ, ਜੇਹੜੀ ਪ੍ਰਭੂ-ਪਤੀ ਨਾਲ ਸਾਂਝ ਬਣਾਂਦੀ ਹੈ, ਜੇਹੜੀ ਅਹੰਕਾਰ ਛੱਡ ਕੇ ਪ੍ਰਭੂ-ਪਤੀ ਦਾ ਹੁਕਮ ਮੰਨਦੀ ਰਹਿੰਦੀ ਹੈ। ਉਹ ਜੀਵ-ਇਸਤ੍ਰੀ ਪਭੂ-ਪਤੀ (ਦੇ ਪਿਆਰ-ਰੰਗ) ਵਿਚ ਰੰਗੀ ਹੋਈ ਉਸ ਦੇ ਮਿਲਾਪ ਦਾ ਆਤਮਕ ਆਨੰਦ ਮਾਣਦੀ ਰਹਿੰਦੀ ਹੈ।1।

(ਇਕ ਸਤਸੰਗੀ) ਸਹੇਲੀ (ਦੂਜੇ ਸਤਸੰਗੀ) ਸਹੇਲੀ ਨੂੰ (ਪ੍ਰਭੂ-ਪਤੀ ਦੇ ਮਿਲਾਪ ਦੇ ਤਰੀਕੇ ਬਾਰੇ) ਸਮਝਾਂਦੀ ਹੈ (ਤੇ ਆਖਦੀ ਹੈ ਕਿ) ਜੇਹੜੀ ਜੀਵ-ਇਸਤ੍ਰੀ ਉਹੀ ਕੁਝ ਕਰਦੀ ਹੈ ਜੋ ਪ੍ਰਭੂ-ਪਤੀ ਨੂੰ ਪਸੰਦ ਆ ਜਾਂਦਾ ਹੈ, ਉਹ ਸੁਹਾਗ-ਭਾਗ ਵਾਲੀ ਜੀਵ-ਇਸਤ੍ਰੀ ਉਸ ਪ੍ਰਭੂ ਦੇ ਚਰਨਾਂ ਵਿਚ ਲੀਨ ਰਹਿੰਦੀ ਹੈ।2।

(ਪਰ) ਜੇਹੜੀ ਜੀਵ-ਇਸਤ੍ਰੀ ਅਹੰਕਾਰ ਵਿਚ ਫਸੀ ਰਹਿੰਦੀ ਹੈ, ਉਹ ਪ੍ਰਭੂ-ਪਤੀ ਦੇ ਚਰਨਾਂ ਵਿਚ ਥਾਂ ਪ੍ਰਾਪਤ ਨਹੀਂ ਕਰ ਸਕਦੀ। ਜਦੋਂ (ਜ਼ਿੰਦਗੀ ਦੀ) ਰਾਤ ਬੀਤ ਜਾਂਦੀ ਹੈ, ਤਦੋਂ ਉਹ ਪਛੁਤਾਂਦੀ ਹੈ। ਆਪਣੇ ਹੀ ਮਨ ਦੇ ਪਿੱਛੇ ਤੁਰਨ ਵਾਲੀ ਉਹ ਮੰਦ-ਭਾਗਣ ਜੀਵ-ਇਸਤ੍ਰੀ ਸਦਾ ਦੁੱਖ ਪਾਂਦੀ ਰਹਿੰਦੀ ਹੈ।3।

ਹੇ ਭਾਈ! (ਲੋਕ-ਲਾਜ ਦੀ ਖ਼ਾਤਰ ਮੈਂ ਤਾਂ ਹੀ ਪਰਮਾਤਮਾ ਦੇ ਦਰ ਤੇ) ਅਰਦਾਸ ਕਰਾਂ, ਜੇ ਮੈਂ ਉਸ ਨੂੰ ਕਿਤੇ ਦੂਰ ਵੱਸਦਾ ਸਮਝਾਂ। ਉਹ ਨਾਸ-ਰਹਿਤ ਪਰਮਾਤਮਾ ਤਾਂ ਹਰ ਥਾਂ ਵਿਆਪਕ ਹੈ। ਦਾਸ ਨਾਨਕ (ਤਾਂ ਉਸ ਨੂੰ ਆਪਣੇ) ਅੰਗ-ਸੰਗ (ਵੱਸਦਾ) ਵੇਖ ਕੇ ਉਸ ਦੀ ਸਿਫ਼ਤਿ-ਸਾਲਾਹ ਕਰਦਾ ਹੈ।4।3।